ਪ੍ਰਭਾਤੀ ਮਹਲਾ ੧ ॥ ਜਾਗਤੁ ਬਿਗਸੈ ਮੂਠੋ ਅੰਧਾ ॥ ਗਲਿ ਫਾਹੀ ਸਿਰਿ ਮਾਰੇ ਧੰਧਾ ॥ ਆਸਾ ਆਵੈ ਮਨਸਾ ਜਾਇ ॥ ਉਰਝੀ ਤਾਣੀ ਕਿਛੁ ਨ ਬਸਾਇ ॥੧॥ ਜਾਗਸਿ ਜੀਵਣ ਜਾਗਣਹਾਰਾ ॥ ਸੁਖ ਸਾਗਰ ਅੰਮ੍ਰਿਤ ਭੰਡਾਰਾ ॥੧॥ ਰਹਾਉ ॥ ਕਹਿਓ ਨ ਬੂਝੈ ਅੰਧੁ ਨ ਸੂਝੈ ਭੋਂਡੀ ਕਾਰ ਕਮਾਈ ॥ ਆਪੇ ਪ੍ਰੀਤਿ ਪ੍ਰੇਮ ਪਰਮੇਸੁਰੁ ਕਰਮੀ ਮਿਲੈ ਵਡਾਈ ॥ ੨॥ ਦਿਨੁ ਦਿਨੁ ਆਵੈ ਤਿਲੁ ਤਿਲੁ ਛੀਜੈ ਮਾਇਆ ਮੋਹੁ ਘਟਾਈ ॥ ਬਿਨੁ ਗੁਰ ਬੂਡੋ ਠਉਰ ਨ ਪਾਵੈ ਜਬ ਲਗ ਦੂਜੀ ਰਾਈ ॥ ੩॥ ਅਹਿਨਿਸਿ ਜੀਆ ਦੇਖਿ ਸਮ੍ਾਲੈ ਸੁਖੁ ਦੁਖੁ ਪੁਰਬਿ ਕਮਾਈ ॥ ਕਰਮਹੀਣੁ ਸਚੁ ਭੀਖਿਆ ਮਾਂਗੈ ਨਾਨਕ ਮਿਲੈ ਵਡਾਈ ॥੪॥੧੧॥ {ਪੰਨਾ 1330}

ਪਦ ਅਰਥ:- ਜਾਗਤੁ—(ਆਪਣੇ ਵਲੋਂ) ਜਾਗਦਾ, (ਦੁਨੀਆ ਦੇ ਕੰਮਾਂ ਵਿਚ) ਸੁਚੇਤ ਸਿਆਣਾ। ਬਿਗਸੈ—ਖ਼ੁਸ਼ ਹੁੰਦਾ ਹੈ। ਮੂਠੋ—ਠਗਿਆ ਜਾ ਰਿਹਾ ਹੈ, ਲੁੱਟਿਆ ਜਾ ਰਿਹਾ ਹੈ। ਅੰਧਾ—(ਮਾਇਆ ਦੇ ਮੋਹ ਵਿਚ) ਅੰਨ੍ਹਾ। ਗਲਿ—ਗਲ ਵਿਚ। ਸਿਰਿ—ਸਿਰ ਉਤੇ। ਮਾਰੇ—(ਚੋਟਾਂ) ਮਾਰਦਾ ਹੈ। ਧੰਧਾ—ਜਗਤ ਦੇ ਜੰਜਾਲਾਂ ਦਾ ਫ਼ਿਕਰ। ਮਨਸਾ—ਮਨ ਦੇ ਫੁਰਨੇ। ਉਰਝੀ—ਉਲਝੀ ਹੋਈ, ਵਿਗੜੀ ਹੋਈ। ਬਸਾਇ—ਵੱਸ, ਜ਼ੋਰ, ਪੇਸ਼।1।

ਜੀਵਣ—ਹੇ (ਜਗਤ ਦੇ) ਜੀਵਨ! ਜਾਗਣਹਾਰਾ—ਹੇ ਜਾਗਣਹਾਰ! ਹੇ ਜਾਗਦੇ ਰਹਿਣ ਦੀ ਸਮਰੱਥਾ ਰੱਖਣ ਵਾਲੇ!।1। ਰਹਾਉ।

ਬੂਝੈ—ਸਮਝਦਾ। ਅੰਧੁ—(ਮਾਇਆ ਦੇ ਮੋਹ ਵਿਚ) ਅੰਨਾ ਜੀਵ। ਭੋਂਡੀ—ਭੈੜੀ। ਆਪੇ—ਆਪ ਹੀ। ਕਰਮੀ—(ਪ੍ਰਭੂ ਦੀ) ਮੇਹਰ ਨਾਲ।1।

ਦਿਨੁ ਦਿਨੁ ਆਵੈ—ਇਕ ਇਕ ਕਰ ਕੇ ਦਿਨ ਆਉਂਦਾ ਹੈ। ਛੀਜੈ—(ਉਮਰ) ਘਟਦੀ ਜਾ ਰਹੀ ਹੈ। ਘਟਾਈ—ਘਟ ਹੀ, ਘਟਿ ਹੀ, ਹਿਰਦੇ ਵਿਚ ਹੀ (ਟਿਕਿਆ ਹੋਇਆ ਹੈ)। ਠਉਰ—ਥਾਂ। ਦੂਜੀ—ਪ੍ਰਭੂ ਤੋਂ ਬਿਨਾ ਕਿਸੇ ਹੋਰ ਦੀ ਪ੍ਰੀਤ। ਰਾਈ—ਰਤਾ ਭਰ ਭੀ।3।

ਅਹਿ—ਦਿਨ। ਨਿਸਿ—ਰਾਤ। ਦੇਖਿ—ਵੇਖ ਕੇ, ਧਿਆਨ ਨਾਲ। ਪੁਰਬਿ ਕਮਾਈ—ਪਿਛਲੀ ਕੀਤੀ ਕਮਾਈ ਅਨੁਸਾਰ। ਕਰਮ ਹੀਣੁ—ਜਿਸ ਨੂੰ ਕਿਸੇ ਪੂਰਬਲੇ ਕਰਮਾਂ ਦਾ ਮਾਣ ਨਹੀਂ ਹੈ। ਸਚੁ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ ਨਾਮ। ਵਡਾਈ—ਇੱਜ਼ਤ।4।

ਅਰਥ:- ਹੇ ਪ੍ਰਭੂ! ਤੂੰ ਸਾਰੇ ਜਗਤ ਦਾ ਜੀਵਨ ਹੈਂ; ਇਕ ਤੂੰ ਹੀ ਜਾਗਦਾ ਹੈਂ, ਸਿਰਫ਼ ਤੇਰੇ ਵਿਚ ਹੀ ਸਮਰੱਥਾ ਹੈ ਕਿ ਮਾਇਆ ਤੈਨੂੰ ਆਪਣੇ ਮੋਹ ਦੀ ਨੀਂਦ ਵਿਚ ਸੁਆ ਨਹੀਂ ਸਕਦੀ। ਹੇ ਸੁਖਾਂ ਦੇ ਸਮੁੰਦਰ ਪ੍ਰਭੂ! (ਤੇਰੇ ਘਰ ਵਿਚ) ਨਾਮ-ਅੰਮ੍ਰਿਤ ਦੇ ਭੰਡਾਰੇ ਭਰੇ ਪਏ ਹਨ (ਜੋ ਮਾਇਆ ਦੇ ਮੋਹ ਵਿਚ ਆਤਮਕ ਮੌਤੇ ਮਰੇ ਪਿਆਂ ਨੂੰ ਜ਼ਿੰਦਾ ਕਰ ਸਕਦਾ ਹੈ)।1। ਰਹਾਉ।

ਜੀਵ ਆਪਣੇ ਵਲੋਂ ਸਿਆਣਾ ਹੈ, ਪਰ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਲੁੱਟਿਆ ਜਾ ਰਿਹਾ ਹੈ (ਅਨੇਕਾਂ ਵਿਕਾਰ ਇਸ ਦੀ ਆਤਮਕ ਰਾਸਿ ਪੂੰਜੀ ਨੂੰ ਲੁੱਟ ਰਹੇ ਹਨ) ਪਰ ਇਹ ਖ਼ੁਸ਼ ਖ਼ੁਸ਼ ਫਿਰਦਾ ਹੈ। ਇਸ ਦੇ ਗਲ ਵਿਚ ਮਾਇਆ ਦੇ ਮੋਹ ਦੀ ਫਾਹੀ ਪਈ ਹੋਈ ਹੈ (ਜੋ ਇਸ ਨੂੰ ਦੁਨੀਆ ਦੇ ਪਦਾਰਥਾਂ ਦੇ ਪਿੱਛੇ ਧੂਹੀ ਫਿਰਦਾ ਹੈ)। ਜਗਤ ਦੇ ਜੰਜਾਲਾਂ ਦਾ ਫ਼ਿਕਰ ਇਸ ਦੇ ਸਿਰ ਉਤੇ ਚੋਟਾਂ ਮਾਰਦਾ ਰਹਿੰਦਾ ਹੈ। ਦੁਨੀਆ ਦੀਆਂ ਆਸਾਂ ਦਾ ਬੱਧਾ ਜਗਤ ਵਿਚ ਆਉਂਦਾ ਹੈ, ਮਨ ਦੇ ਅਨੇਕਾਂ ਫੁਰਨੇ ਲੈ ਕੇ ਇਥੋਂ ਤੁਰ ਪੈਂਦਾ ਹੈ। ਇਸ ਦੀ ਜ਼ਿੰਦਗੀ ਦੀ ਤਾਣੀ ਦੁਨੀਆ ਦੀਆਂ ਆਸਾਂ ਤੇ ਮਨ ਦੀਆਂ ਦੌੜਾਂ ਨਾਲ ਪਿਲਚੀ ਪਈ ਹੈ। (ਇਸ ਤਾਣੀ ਨੂੰ ਇਹਨਾਂ ਪੇਚਿਆਂ ਤੋਂ ਸਾਫ਼ ਰੱਖਣ ਵਾਸਤੇ) ਇਸ ਦੀ ਕੋਈ ਪੇਸ਼ ਨਹੀਂ ਜਾਂਦੀ।1।

(ਮਾਇਆ ਦੇ ਮੋਹ ਵਿਚ) ਜੀਵਨ ਇਤਨਾ ਅੰਨ੍ਹਾ ਹੋਇਆ ਪਿਆ ਹੈ ਕਿ ਕਿਸੇ ਆਖੀ ਹੋਈ ਸਿੱਖਿਆ ਨੂੰ ਇਹ ਸਮਝ

ਨਹੀਂ ਸਕਦਾ, ਆਪਣੇ ਆਪ ਇਸ ਨੂੰ (ਆਤਮਕ ਜੀਵਨ ਬਚਾਣ ਦੀ ਕੋਈ ਗੱਲ) ਸੁੱਝਦੀ ਨਹੀਂ, ਨਿੱਤ ਮੰਦੇ ਕੰਮ ਹੀ ਕਰੀ ਜਾ ਰਿਹਾ ਹੈ। (ਪਰ ਜੀਵ ਦੇ ਵੱਸ ਦੀ ਗੱਲ ਨਹੀਂ ਹੈ) ਪਰਮੇਸਰ ਆਪ ਹੀ ਆਪਣੇ ਚਰਨਾਂ ਦੀ ਪ੍ਰੀਤਿ ਪ੍ਰੇਮ ਬਖ਼ਸ਼ਦਾ ਹੈ, ਉਸ ਦੀ ਮੇਹਰ ਨਾਲ ਹੀ ਉਸ ਦਾ ਨਾਮ-ਸਿਮਰਨ ਦਾ ਮਾਣ ਮਿਲਦਾ ਹੈ।2।

ਜ਼ਿੰਦਗੀ ਦਾ ਇਕ ਇਕ ਕਰ ਕੇ ਦਿਨ ਆਉਂਦਾ ਹੈ ਤੇ ਇਸ ਤਰ੍ਹਾਂ ਥੋੜੀ ਥੋੜੀ ਕਰ ਕੇ ਉਮਰ ਘਟਦੀ ਜਾਂਦੀ ਹੈ; ਪਰ ਮਾਇਆ ਦਾ ਮੋਹ ਜੀਵ ਦੇ ਹਿਰਦੇ ਵਿਚ (ਉਸੇ ਤਰ੍ਹਾਂ) ਟਿਕਿਆ ਰਹਿੰਦਾ ਹੈ। ਗੁਰੂ ਦੀ ਸਰਨ ਆਉਣ ਤੋਂ ਬਿਨਾ ਜੀਵ (ਮਾਇਆ ਦੇ ਮੋਹ ਵਿਚ) ਡੁੱਬਾ ਰਹਿੰਦਾ ਹੈ। ਜਦੋਂ ਤਕ ਇਸ ਦੇ ਅੰਦਰ ਰਤਾ ਭਰ ਭੀ ਮਾਇਆ ਦੀ ਪ੍ਰੀਤ ਕਾਇਮ ਹੈ, ਇਹ ਭਟਕਦਾ ਫਿਰਦਾ ਹੈ ਇਸ ਨੂੰ (ਆਤਮਕ ਸੁਖ ਦੀ) ਥਾਂ ਨਹੀਂ ਲੱਭਦੀ।3।

(ਆਤਮਕ ਜੀਵਨ ਦੀ ਦਾਤਿ ਪ੍ਰਭੂ ਤੋਂ ਹੀ ਮਿਲ ਸਕਦੀ ਹੈ ਜੋ) ਦਿਨ ਰਾਤ ਬੜੇ ਗਹੁ ਨਾਲ ਜੀਵਾਂ ਦੀ ਸੰਭਾਲ ਕਰਦਾ ਹੈ ਤੇ ਜੀਵਾਂ ਦੀ ਪੂਰਬਲੀ ਕਮਾਈ ਅਨੁਸਾਰ ਇਹਨਾਂ ਨੂੰ ਸੁਖ ਜਾਂ ਦੁਖ (ਭੋਗਣ ਨੂੰ) ਦੇਂਦਾ ਹੈ।

ਹੇ ਪ੍ਰਭੂ! ਮੈਂ ਚੰਗੇ ਕੀਤੇ ਕਰਮਾਂ ਦਾ ਮਾਣ ਨਹੀਂ ਕਰਦਾ, ਮੈਨੂੰ ਨਾਨਕ ਨੂੰ ਤੇਰਾ ਨਾਮ ਸਿਮਰਨ ਦੀ ਵਡਿਆਈ ਮਿਲ ਜਾਏ, ਨਾਨਕ ਤੇਰੇ ਦਰ ਤੋਂ ਤੇਰਾ ਨਾਮ ਸਿਮਰਨ ਦੀ ਭਿੱਛਿਆ ਹੀ ਮੰਗਦਾ ਹੈ।4।11।